# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)।
2. ਰਾਜ ਦੇ ਸਮੂਹ ਜ਼ਿਲ੍ਹਾ ਮੈਥ ਕੋਆਰਡੀਨੇਟਰਜ਼।
3. ਰਾਜ ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ:ਸਸਅ/ਐਮਸੀ/2010/76988-77018
ਮਿਤੀ,ਚੰਡੀਗੜ੍ਹ 23-12-2010

ਵਿਸ਼ਾ :- ਮੈਥ ਦੀ ਪ੍ਰਤੀਯੋਗੀ ਪ੍ਰੀਖਿਆ ਦੀ ਤਿਆਰੀ ਕਰਵਾਉਣ ਸਬੰਧੀ।

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਸਾਰੇ ਜ਼ਿਲ੍ਹਿਆਂ ਵਿੱਚ ਗਣਿਤ ਦੇ ਗੁਣਾਤਮਕ ਸੁਧਾਰ ਲਈ ਮੈਥ ਮਾਸਟਰ ਟ੍ਰੇਨਰਜ਼ ਲਗਾਏ ਗਏ ਹਨ ਜੋ ਕਿ ਲਗਾਤਾਰ ਸਕੂਲਾਂ ਵਿੱਚ ਜਾ ਕੇ ਅਧਿਆਪਕਾਂ ਨੂੰ ਆਨ-ਸਾਈਟ ਟ੍ਰੇਨਿੰਗ ਅਤੇ ਵਿਦਿਆਰਥੀਆਂ ਨੂੰ ਸੌਖੇ ਤਰੀਕੇ ਨਾਲ ਗਣਿਤ ਕਰਵਾਉਣ ਲਈ ਲਗਾਤਾਰ ਮਿਹਨਤ ਕਰ ਰਹੇ ਹਨ। ਇਸੇ ਦੀ ਕੜੀ ਵਿੱਚ ਜੇਕਰ ਸਕੂਲ ਮੁੱਖੀ ਆਪਣੇ ਸਕੂਲ ਦੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਜਿਹੜੇ ਮਿਤੀ 08-01-2011 ਨੂੰ ਹੋਣ ਵਾਲੀ ਸਾਇੰਸ ਅਤੇ ਮੈਥ ਵਿਸ਼ਿਆਂ ਦੀ ਪ੍ਰਤੀਯੋਗੀ ਪ੍ਰੀਖਿਆ ਵਿੱਚ ਭਾਗ ਲੈ ਰਹੇ ਹਨ ਨੂੰ ਹੋਰ ਮਿਹਨਤ ਕਰਵਾਉਣ ਚਾਹੁੰਦਾ ਹੈ ਤਾਂ ਸਰਦੀਆਂ ਦੀਆਂ ਛੁੱਟੀਆਂ ਦੌਰਾਨ ਦੋ ਦਿਨ ਲਈ ਮਿਤੀ 27-12-2010 ਅਤੇ 28-12-2010 ਨੂੰ ਸਵੇਰੇ 10:00 ਵਜੇ ਤੋਂ 1:00 ਵਜੇ ਤੱਕ ਆਪਣੇ ਸਕੂਲ ਵਿੱਚ ਜਾਂ ਕਲੱਸਟਰ ਲੈਵਲ ਤੇ ਵਿਦਿਆਰਥੀਆਂ ਦੀ ਐਕਸਟਰਾ ਜਮਾਤ ਮੈਥ ਮਾਸਟਰ ਟ੍ਰੇਨਰ ਤੋਂ ਲਗਵਾ ਸਕਦਾ ਹੈ ਅਤੇ ਜਿਸ ਲਈ ਮੈਥ ਮਾਸਟਰ ਟ੍ਰੇਨਰ ਤਤਪਰ ਹੈ।

ਚਲਦਾ ਪੰਨਾ .......

3.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਸਕੂਲ ਮੁੱਖੀ ਆਪਣੇ ਸਬੰਧਤ ਮੈਥ ਮਾਸਟਰ ਟ੍ਰੇਨਰ ਨਾਲ ਤੁਰੰਤ ਤਾਲ-ਮੇਲ ਕਰਕੇ ਆਪਣੇ ਸਕੂਲ ਦਾ ਨਾਮ ਜਿੱਥੇ ਵਿਦਿਆਰਥੀਆਂ ਨੂੰ ਪ੍ਰਤੀਯੋਗੀ ਪ੍ਰੀਖਿਆ ਦੀ ਤਿਆਰੀ ਕਰਵਾਉਣੀ ਹੈ ਅਤੇ ਦਿਨ ਅਤੇ ਸਮਾਂ ਸਬੰਧਤ ਮੈਥ ਮਾਸਟਰ ਟ੍ਰੇਨਰ ਅਤੇ ਵਿਦਿਆਰਥੀਆਂ ਨੂੰ ਨੋਟ ਕਰਵਾ ਦੇਵੇ ਅਤੇ ਤਿਆਰੀ ਵਾਲੇ ਦਿਨਾਂ ਵਿੱਚ ਸਕੂਲ ਮੁੱਖੀ ਸਕੂਲ ਵਿੱਚ ਆਪ ਵੀ ਹਾਜ਼ਰ ਰਹੇ ਅਤੇ ਪ੍ਰਤੀਯੋਗੀ ਪ੍ਰੀਖਿਆ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਹਾਜ਼ਰ ਹੋਣਾ ਵੀ ਯਕੀਨੀ ਬਣਾਏ ਤਾਂ ਜੋ ਤਿਆਰੀ ਲਈ ਕੀਤੀ ਜਾ ਰਹੀ ਕੋਸ਼ਿਸ਼ ਮੈਥ ਮਾਸਟਰ ਟ੍ਰੇਨਰ ਵੱਲੋਂ ਪੂਰੀ ਤਰ੍ਹਾਂ ਕਾਮਯਾਬ ਹੋ ਸਕੇ।

4.0 ਵਧੇਰੇ ਜਾਣਕਾਰੀ ਅਤੇ ਸੂਚਾਰੂ ਪਲੈਨਿੰਗ ਲਈ ਸਬੰਧਤ ਜ਼ਿਲ੍ਹਾ ਮੈਥ ਕੋਆਰਡੀਨੇਟਰਜ਼ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

4.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ,ਚੰਡੀਗੜ੍ਹ